# ਪੰਜਾਬ ਸਕੂਲ ਸਿੱਖਿਆ ਬੋਰਡ

## ਰਜਿਸਟ੍ਰੇਸ਼ਨ ਸ਼ਾਖਾ

## ਪ੍ਰੈਸ ਨੋਟ

ਪੰਜਾਬ ਰਾਜ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਮੂਹ ਸਕੂਲ ਮੁਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2025-26 ਲਈ ਅੱਠਵੀ ਤੋਂ ਬਾਰ੍ਹਵੀਂ ਸ਼੍ਰੇਣੀਆਂ ਲਈ ਪੰਜਾਬ ਬੋਰਡ ਨਾਲ ਸਬੰਧਤ ਸਕੂਲਾਂ ਲਈ ਆਨ-ਲਾਈਨ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕਰਨ ਲਈ ਸ਼ਡਿਊਲ ਨਿਰਧਾਰਿਤ ਕੀਤਾ ਗਿਆ ਹੈ। **ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਮਿਤੀ 31 ਅਕਤੂਬਰ 2025 ਤੱਕ 1000/- ਰੁ: ਨਾਲ ਅਤੇ 01 ਨਵੰਬਰ 2025 ਤੋਂ 28 ਨਵੰਬਰ 2025 ਤੱਕ 2000/- ਰੁ: ਨਾਲ ਕਰਵਾਈ ਜਾ ਸਕਦੀ ਹੈ।**

ਉਕਤ ਦੇ ਮੱਦੇ ਨਜ਼ਰ ਸਕੂਲ ਮੁੱਖੀਆਂ ਨੂੰ ਅਗਾਓ ਤੌਰ ਤੇ ਸੂਚਿਤ ਕੀਤਾ ਜਾਂਦਾ ਹੈ ਕਿ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਲਈ ਜਾਰੀ ਸ਼ਡਿਊਲ ਅਨੁਸਾਰ ਨਿਰਧਾਰਿਤ ਅੰਤਿਮ ਮਿਤੀ 28-11-2025 ਹੀ ਰਹੇਗੀ। ਇਸ ਲਈ ਇਹ ਕੰਮ ਜਾਰੀ ਸ਼ਡਿਊਲ ਅਨੁਸਾਰ ਨਿਰਧਾਰਿਤ ਅੰਤਿਮ ਮਿਤੀ ਤੱਕ ਮੁਕੰਮਲ ਕਰਵਾਉਣਾ ਯਕੀਨੀ ਬਣਾਇਆ ਜਾਵੇ ਕਿਉਂਕਿ ਆਨ-ਲਾਈਨ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕਰਦੇ ਸਮੇਂ ਜੇਕਰ ਕਿਸੇ ਵਿਦਿਆਰਥੀ ਦੀ ਮਾਈਗ੍ਰੇਸ਼ਨ ਕਿਸੇ ਵੀ ਕਾਰਨ ਕਰਕੇ ਕਰਨ ਤੋਂ ਰਹਿ ਜਾਂਦੀ ਹੈ ਤਾਂ ਉਸਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁਖੀ/ਕਰਮਚਾਰੀ ਦੀ ਹੀ ਹੋਵੇਗੀ। ਇਸ ਸਬੰਧੀ ਸਬੰਧਤ ਅਮਲੇ ਨੂੰ ਵਿਸ਼ੇਸ਼ ਤੌਰ ਤੇ ਨੋਟ ਕਰਵਾਇਆ ਜਾਵੇ। ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕਰਨ ਲਈ ਹਦਾਇਤਾਂ/ਵਿਧੀ ਅਤੇ ਸ਼ਡਿਊਲ ਸਕੂਲਾਂ ਦੀ ਲਾਗਇੰਨ ਆਈ. ਡੀ. ਅਤੇ ਬੋਰਡ ਦੀ ਵੈਬ-ਸਾਈਟ ਤੇ ਵਿਸਥਾਰ ਪੂਰਵਕ ਜਾਣਕਾਰੀ ਸਹਿਤ ਉਪਲੱਬਧ ਹਨ।

**ਸੰਯੁਕਤ-ਸਕੱਤਰ (ਜ)**